# ਪੰਜਾਬ ਸਰਕਾਰ

## ਦਫਤਰ ਵਧੀਕ ਮੁੱਖ ਸਕੱਤਰ-ਕਮ-ਵਿੱਤੀ ਕਮਿਸ਼ਨਰ ਮਾਲ

ਸੇਵਾ ਵਿਖੇ

ਰਾਜ ਦੇ ਸਮੂਹ ਡਿਪਟੀ ਕਮਿਸ਼ਨਰਜ਼।

ਮੀਮੋ ਨੰਬਰ: ਪੀ.ਏ/ਏ.ਸੀ.ਐਸ(ਆਰ)/724

ਚੰਡੀਗੜ੍ਹ, ਮਿਤੀ 23.01.2025

**ਵਿਸ਼ਾ:** **ਰਾਜ ਦੇ ਸਾਰੇ ਸਬ-ਰਜਿਸਟਰਾਰ/ਜੁਆਇੰਟ ਸਬ-ਰਜਿਸਟਰਾਰ ਦਫਤਰਾਂ ਵਿੱਚ ਸੀ.ਸੀ.ਟੀ.ਵੀ. ਕੈਮਰੇ ਚਲਾਉਣ ਬਾਰੇ।**

ਸਰਕਾਰ ਵੱਲੋਂ ਰਾਜ ਦੇ ਹਰ ਸਬ-ਰਜਿਸਟਰਾਰ/ਜੁਆਇੰਟ ਸਬ-ਰਜਿਸਟਰਾਰ ਦਫਤਰ ਵਿੱਚ ਚਾਰ ਸੀ.ਸੀ.ਟੀ.ਵੀ. ਕੈਮਰੇ ਲਗਵਾਏ ਗਏ ਹਨ। ਇਨ੍ਹਾਂ ਵਿੱਚੋਂ ਦੋ ਸੀ.ਸੀ.ਟੀ.ਵੀ. ਕੈਮਰੇ ਸਬ-ਰਜਿਸਟਰਾਰ/ਜੁਆਇੰਟ ਸਬ-ਰਜਿਸਟਰਾਰ ਦੇ ਦਫਤਰ ਦੇ ਅੰਦਰ (ਜਿੱਥੇ ਵਸੀਕੇ ਤਸਦੀਕ ਕੀਤੇ ਜਾਂਦੇ ਹਨ) ਅਤੇ ਦੋ ਕੈਮਰੇ ਦਫਤਰ ਦੇ ਬਾਹਰ (ਜਿੱਥੇ ਪਬਲਿਕ ਇੰਤਜਾਰ ਕਰਦੀ ਹੈ) ਲਗਾਏ ਗਏ ਹਨ।

2. ਇਹ ਕੈਮਰੇ ਲਗਾਉਣ ਦਾ ਮੰਤਵ ਇਹ ਹੈ ਕਿ ਡਿਪਟੀ ਕਮਿਸ਼ਨਰ ਚੈਕ ਕਰ ਸਕਣ ਕਿ ਸਬ-ਰਜਿਸਟਰਾਰ/ਜੁਆਇੰਟ ਸਬ-ਰਜਿਸਟਰਾਰ ਆਪਣੇ ਦਫਤਰ ਵਿੱਚ ਉਪਲੱਬਧ ਹੋ ਕੇ ਸਹੀ ਢੰਗ ਨਾਲ ਕੰਮ ਕਰ ਰਹੇ ਹਨ ਅਤੇ ਵੇਖ ਸਕਣ ਕਿ ਪਬਲਿਕ ਨੂੰ ਵਸੀਕੇ ਦਰਜ ਕਰਵਾਉਣ ਵਿੱਚ ਕੋਈ ਔਖਿਆਈ ਤਾਂ ਨਹੀ ਆ ਰਹੀ। ਇਹ ਕੈਮਰੇ ਲਗਾਉਣ ਦਾ ਇੱਕ ਹੋਰ ਮਹੱਤਵਪੂਰਨ ਮੰਤਵ ਵਸੀਕੇ ਤਸਦੀਕ ਕਰਨ ਵਿੱਚ ਪਾਰਦਰਸ਼ਿਤਾ ਲਿਆਉਣਾ ਹੈ।

3. ਪਰੰਤੂ ਪਿਛਲੇ ਹਫਤੇ ਨਿਮਨਹਸਤਾਖਰ ਵੱਲੋਂ ਚੈਕ ਕਰਨ ਤੇ ਪਾਇਆ ਗਿਆ ਹੈ ਕਿ ਜਿਨ੍ਹਾਂ 180 ਸਬ-ਰਜਿਸਟਰਾਰ/ਜੁਆਇੰਟ ਸਬ-ਰਜਿਸਟਰਾਰ ਦਫਤਰਾਂ ਵਿੱਚ ਸੀ.ਸੀ.ਟੀ.ਵੀ ਕੈਮਰੇ ਲਗਾਏ ਗਏ ਹਨ, ਉਨ੍ਹਾਂ ਵਿੱਚੋਂ ਕੇਵਲ ਤਿੰਨ ਕੈਮਰੇ ਚੱਲ ਰਹੇ ਸਨ। ਇਹ ਸਥਿਤੀ ਬਿਲਕੁਲ ਤਸੱਲੀਬਖਸ਼ ਨਹੀ ਹੈ।

4. **ਆਪ ਨੂੰ ਆਖਿਆ ਜਾਂਦਾ ਹੈ ਕਿ ਇਸ ਵਿਸ਼ੇ ਤੇ ਫੌਰੀ ਤੌਰ ਤੇ ਕਾਰਵਾਈ ਕਰਦੇ ਹੋਏ ਮਿਤੀ 31.01.2025 ਤੱਕ ਆਪਣੇ ਜਿਲ੍ਹੇ ਦੇ ਹਰ ਸਬ-ਰਜਿਸਟਰਾਰ/ਜੁਆਇੰਟ ਸਬ-ਰਜਿਸਟਰਾਰ ਦਫਤਰ ਵਿੱਚ ਲੱਗੇ ਸੀ.ਸੀ.ਟੀ.ਵੀ. ਕੈਮਰੇ ਚਾਲੂ ਹਾਲਤ ਵਿੱਚ ਕੀਤੇ ਜਾਣ।** ਜੇ

ਲੋੜ ਹੋਵੇ ਤਾਂ M/s Prutech Solutions India Pvt. Ltd. ਜਿਸ ਵੱਲੋਂ ਕੈਮਰੇ ਲਗਾਏ ਗਏ ਹਨ, ਉਨ੍ਹਾਂ ਦੇ ਹੇਠ ਲਿਖੇ ਕੋਨਟੈਕਟ ਪਰਸਨ ਨਾਲ ਫੌਰੀ ਤੌਰ ਤੇ ਤਾਲਮੇਲ ਕੀਤਾ ਜਾਵੇ:

**ਕੰਪਨੀ ਦੇ ਪ੍ਰਤੀਨਿਧੀ ਦਾ ਨਾਮ:** **ਸ੍ਰੀ ਬਿਸਵਾ ਰੰਜਨ ਦਾਸ**

**ਮੋਬਾਇਲ ਨੰਬਰ:** **9937897087**

**5.** ਇਹ ਸੀ.ਸੀ.ਟੀ.ਵੀ. ਕੈਮਰੇ ਆਈ.ਪੀ. ਐਡਰੈਸ ਤੇ ਅਧਾਰਿਤ ਹਨ। ਇਸ ਲਈ ਆਪ ਨੂੰ ਆਖਿਆ ਜਾਂਦਾ ਹੈ ਕਿ ਆਪਣੇ ਕੰਪਿਊਟਰ/ਮੋਬਾਈਲ ਤੇ ਆਪਣੇ ਜਿਲ੍ਹੇ ਦੇ ਹਰ ਸਬ-ਰਜਿਸਟਰਾਰ/ਜੁਆਇੰਟ ਸਬ-ਰਜਿਸਟਰਾਰ ਦਫਤਰ ਦੇ ਸੀ.ਸੀ.ਟੀ.ਵੀ. ਕੈਮਰਿਆਂ ਦਾ ਲਿੰਕ ਲੋਡ ਕਰ ਲਿਆ ਜਾਵੇ, ਤਾਂ ਜੋ ਆਪ ਕਿਸੇ ਵੀ ਸਮੇਂ ਆਪਣੇ ਜਿਲ੍ਹੇ ਦੇ ਕਿਸੇ ਵੀ ਸਬ-ਰਜਿਸਟਰਾਰ/ਜੁਆਇੰਟ ਸਬ-ਰਜਿਸਟਰਾਰ ਦਫਤਰ ਦੇ ਵਿੱਚ ਸਬ-ਰਜਿਸਟਰਾਰ/ਜੁਆਇੰਟ ਸਬ-ਰਜਿਸਟਰਾਰ ਦੀ ਹਾਜਰੀ ਅਤੇ ਪਬਲਿਕ ਦੀ ਭੀੜ ਦੀ ਸਥਿਤੀ ਚੈਕ ਕਰ ਸਕੋ। ਇਸ ਸਬੰਧੀ ਆਪ ਦੇ ਜਿਲ੍ਹੇ ਦੇ ਡੀ.ਐਸ.ਐਮ. ਨੂੰ ਤਕਨੀਕੀ ਸੂਚਨਾਂ ਵੱਖਰੇ ਤੌਰ ਤੇ ਦੇ ਦਿੱਤੀ ਗਈ ਹੈ।

**6.** **ਆਪ ਨੂੰ ਆਦੇਸ਼ ਦਿੱਤਾ ਜਾਂਦਾ ਹੈ ਕਿ ਰੋਜਾਨਾਂ ਆਪਣੇ ਜਿਲ੍ਹੇ ਦੇ ਕੁੱਝ ਸਬ-ਰਜਿਸਟਰਾਰ/ਜੁਆਇੰਟ ਸਬ-ਰਜਿਸਟਰਾਰ ਦਫਤਰਾਂ ਦੀ ਸੀ.ਸੀ.ਟੀ.ਵੀ. ਦੀ ਲਾਈਵ ਫੁਟੇਜ ਰਾਹੀ ਅਚਨਚੇਤ ਚੈਕਿੰਗ ਕੀਤੀ ਜਾਵੇ।**

**7.** **ਇਨ੍ਹਾਂ ਸੀ.ਸੀ.ਟੀ.ਵੀ. ਕੈਮਰਿਆਂ ਦੀ ਚੈਕਿੰਗ ਮੁੱਖ ਦਫਤਰ ਤੇ ਨਿਮਨਹਸਤਾਖਰ ਅਤੇ ਸਬੰਧਤ ਅਧਿਕਾਰੀਆਂ ਵੱਲੋਂ ਵੀ ਕੀਤੀ ਜਾਵੇਗੀ।**

**ਅਨੁਰਾਗ ਵਰਮਾ, ਆਈ.ਏ.ਐਸ**
**ਵਧੀਕ ਮੁੱਖ ਸਕੱਤਰ (ਮਾਲ)**

**ਪਿ.ਅ.ਨੰ.** ਪੀ.ਏ/ਏ.ਸੀ.ਐਸ(ਆਰ)/725 **ਚੰਡੀਗੜ੍ਹ, ਮਿਤੀ:** 23.01.2025

ਇਸ ਦਾ ਇੱਕ ਉਤਾਰਾ ਸਬ-ਰਜਿਸਟਰਾਰ/ਜੁਆਇੰਟ ਸਬ-ਰਜਿਸਟਰਾਰ ਨੂੰ ਭੇਜ ਕੇ ਆਦੇਸ਼ ਦਿੱਤਾ ਜਾਂਦਾ ਹੈ ਕਿ ਇਹ ਹਰ ਹਾਲਤ ਵਿੱਚ ਯਕੀਨੀ ਬਣਾਇਆ ਜਾਵੇ ਕਿ ਉਨ੍ਹਾਂ ਦੇ ਦਫਤਰ ਦੇ ਵਿੱਚ ਲੱਗੇ ਚਾਰੋ ਸੀ.ਸੀ.ਟੀ.ਵੀ. ਕੈਮਰੇ ਸੁਚਾਰੂ ਢੰਗ ਨਾਲ ਚੱਲਣ।

**ਅਨੁਰਾਗ ਵਰਮਾ, ਆਈ.ਏ.ਐਸ**
**ਵਧੀਕ ਮੁੱਖ ਸਕੱਤਰ (ਮਾਲ)**